ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੨ ਮਹਲਾ ੪ ॥ ਕਿਸ ਹੀ ਧੜਾ ਕੀਆ ਮਿਤ੍ਰ ਸੁਤ ਨਾਲਿ ਭਾਈ ॥ ਕਿਸ ਹੀ ਧੜਾ ਕੀਆ ਕੁੜਮ ਸਕੇ ਨਾਲਿ ਜਵਾਈ ॥ ਕਿਸ ਹੀ ਧੜਾ ਕੀਆ ਸਿਕਦਾਰ ਚਉਧਰੀ ਨਾਲਿ ਆਪਣੈ ਸੁਆਈ ॥ ਹਮਾਰਾ ਧੜਾ ਹਰਿ ਰਹਿਆ ਸਮਾਈ ॥ ੧॥ ਹਮ ਹਰਿ ਸਿਉ ਧੜਾ ਕੀਆ ਮੇਰੀ ਹਰਿ ਟੇਕ ॥ ਮੈ ਹਰਿ ਬਿਨੁ ਪਖੁ ਧੜਾ ਅਵਰੁ ਨ ਕੋਈ ਹਉ ਹਰਿ ਗੁਣ ਗਾਵਾ ਅਸੰਖ ਅਨੇਕ ॥੧॥ ਰਹਾਉ ॥ ਜਿਨ੍ਹ ਸਿਉ ਧੜੇ ਕਰਹਿ ਸੇ ਜਾਹਿ ॥ ਝੂਠੁ ਧੜੇ ਕਰਿ ਪਛੋਤਾ ਹਿ ॥ ਥਿਰੁ ਨ ਰਹਹਿ ਮਨਿ ਖੋਟੁ ਕਮਾਹਿ ॥ ਹਮ ਹਰਿ ਸਿਉ ਧੜਾ ਕੀਆ ਜਿਸ ਕਾ ਕੋਈ ਸਮਰਥੁ ਨਾਹਿ ॥੨॥ ਏਹ ਸਭਿ ਧੜੇ ਮਾਇਆ ਮੋਹ ਪਸਾਰੀ ॥ ਮਾਇਆ ਕਉ ਲੂਝਹਿ ਗਾਵਾਰੀ ॥ ਜਨਮਿ ਮਰਹਿ ਜੂਐ ਬਾਜੀ ਹਾਰੀ ॥ ਹਮਰੈ ਹਰਿ ਧੜਾ ਜਿ ਹਲਤੁ ਪਲਤੁ ਸਭੁ ਸਵਾਰੀ ॥ ੩॥ ਕਲਿਜੁਗ ਮਹਿ ਧੜੇ ਪੰਚ ਚੋਰ ਝਗੜਾਏ ॥ ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁਵਧਾਏ ॥ ਜਿਸ ਨੋ ਕ੍ਰਿਪਾ ਕਰੇ ਤਿਸੁ ਸਤਸੰਗਿ ਮਿਲਾਏ ॥ ਹਮਰਾ ਹਰਿ ਧੜਾ ਜਿਨਿ ਏਹ ਧੜੇ ਸਭਿ ਗਵਾਏ ॥੪॥ ਮਿਥਿਆ ਦੂਜਾ ਭਾਉ ਧੜੇ ਬਹਿ ਪਾਵੈ ॥ ਪਰਾਇਆ ਛਿਦ੍ਰੁ ਅਟਕਲੈ ਆਪਣਾ ਅਹੰਕਾਰੁ ਵਧਾਵੈ ॥ ਜੈਸਾ ਬੀਜੈ ਤੈਸਾ ਖਾਵੈ ॥ ਜਨ ਨਾਨਕ ਕਾ ਹਰਿ ਧੜਾ ਧਰਮੁ ਸਭ ਸ੍ਰਿਸਟਿ ਜਿਣਿ ਆਵੈ ॥੫॥੨॥੫੪॥ {ਪੰਨਾ 366}

ਪਦਅਰਥ:- ਕਿਸ ਹੀ—ਕਿਸਹਿ, ਕਿਸੇ ਨੇ। ਸੁਤ—ਪੁੱਤਰ। ਸਿਕਦਾਰ—ਸਰਦਾਰ। ਸੁਆਈ—ਸੁਆਇ, ਸੁਆਰਥ ਵਾਸਤੇ।1।

ਟੇਕ—ਆਸਰਾ। ਅਸੰਖ—ਅਣਗਿਣਤ।1। ਰਹਾਉ।

ਮਨਿ—ਮਨ ਵਿਚ। ਖੋਟੁ—ਠੱਗੀ। ਜਿਸ ਕਾ ਸਮਰਥੁ—ਜਿਸ ਦੇ ਬਰਾਬਰ ਦਾ।2।

ਪਸਾਰੀ—ਖਿਲਾਰਾ। ਲੂਝਹਿ—ਝਗੜਦੇ ਹਨ। ਜਿ—ਜਿਹੜਾ। ਹਲਤੁ ਪਲਤੁ—ਇਹ ਲੋਕ ਤੇ ਪਰਲੋਕ।3।

ਕਲਿਜੁਗ ਮਹਿ—ਪਰਮਾਤਮਾ ਤੋਂ ਵਿਛੜ ਕੇ। ਜਿਨਿ—ਜਿਸ ਨੇ। ਸਭਿ—ਸਾਰੇ।4।

ਮਿਥਿਆ—ਝੂਠਾ, ਵਿਅਰਥ। ਭਾਉ—ਪਿਆਰ। ਅਟਕਲੈ—ਜਾਚਦਾ ਹੈ। ਛਿਦ੍ਰੁ—ਐਬ। ਜਿਣਿ—ਜਿੱਤ ਕੇ।5।

ਅਰਥ:- ਅਸਾਂ ਪਰਮਾਤਮਾ ਨਾਲ ਸਾਥ ਬਣਾਇਆ ਹੈ, ਪਰਮਾਤਮਾ ਹੀ ਮੇਰਾ ਆਸਰਾ ਹੈ। ਪਰਮਾਤਮਾ ਤੋਂ ਬਿਨਾ ਮੇਰਾ ਹੋਰ ਕੋਈ ਪੱਖ ਨਹੀਂ ਕੋਈ ਧੜਾ ਨਹੀਂ। ਮੈਂ ਪਰਮਾਤਮਾ ਦੇ ਹੀ ਅਨੇਕਾਂ ਤੇ ਅਣਗਿਣਤ ਗੁਣ ਗਾਂਦਾ ਰਹਿੰਦਾ ਹਾਂ।1। ਰਹਾਉ।

ਕਿਸੇ ਮਨੁੱਖ ਨੇ ਆਪਣੇ ਮਿੱਤਰ ਨਾਲ ਪੁੱਤਰ ਨਾਲ ਭਰਾ ਨਾਲ ਸਾਥ ਗੰਢਿਆ ਹੋਇਆ ਹੈ, ਕਿਸੇ ਨੇ ਆਪਣੇ ਸੱਕੇ ਕੁੜਮ ਨਾਲ ਜਵਾਈ ਨਾਲ ਧੜਾ ਬਣਾਇਆ ਹੋਇਆ ਹੈ, ਕਿਸੇ ਮਨੁੱਖ ਨੇ ਆਪਣੀ ਗ਼ਰਜ਼ ਦੀ ਖ਼ਾਤਰ (ਪਿੰਡ ਦੇ) ਸਰਦਾਰ ਨਾਲ ਚੌਧਰੀ ਨਾਲ ਧੜਾ ਬਣਾਇਆ ਹੋਇਆ ਹੈ; ਪਰ ਮੇਰਾ ਸਾਥੀ ਉਹ ਪਰਮਾਤਮਾ ਹੈ ਜੋ ਸਭ ਥਾਈਂ ਮੌਜੂਦ ਹੈ।1।

ਲੋਕ ਜਿਨ੍ਹਾਂ ਬੰਦਿਆਂ ਨਾਲ ਧੜੇ ਗੰਢਦੇ ਹਨ ਉਹ (ਆਖ਼ਰ ਜਗਤ ਤੋਂ) ਕੂਚ ਕਰ ਜਾਂਦੇ ਹਨ, (ਧੜੇ ਬਣਾਣ ਵਾਲੇ ਇਹ) ਝੂਠਾ ਅਡੰਬਰ ਕਰ ਕੇ ਇਹ ਧੜੇ ਬਣਾ ਕੇ (ਉਹਨਾਂ ਦੇ ਮਰਨ ਤੇ) ਪਛੁਤਾਂਦੇ ਹਨ। (ਧੜੇ ਬਣਾਣ ਵਾਲੇ ਆਪ ਭੀ) ਸਦਾ (ਦੁਨੀਆ ਵਿਚ) ਟਿਕੇ ਨਹੀਂ ਰਹਿੰਦੇ, (ਵਿਅਰਥ ਹੀ ਧੜਿਆਂ ਦੀ ਖ਼ਾਤਰ ਆਪਣੇ) ਮਨ ਵਿਚ ਠੱਗੀ-ਫ਼ਰੇਬ ਕਰਦੇ ਰਹਿੰਦੇ ਹਨ। ਪਰ ਮੈਂ ਤਾਂ ਉਸ ਪਰਮਾਤਮਾ ਨਾਲ ਆਪਣਾ ਸਾਥ ਬਣਾਇਆ ਹੈ ਜਿਸ ਦੇ ਬਰਾਬਰ ਦੀ ਤਾਕਤ ਰੱਖਣ ਵਾਲਾ ਹੋਰ ਕੋਈ ਨਹੀਂ ਹੈ।2।

(ਹੇ ਭਾਈ! ਦੁਨੀਆ ਦੇ) ਇਹ ਸਾਰੇ ਧੜੇ ਮਾਇਆ ਦਾ ਖਿਲਾਰਾ ਹਨ ਮੋਹ ਦਾ ਖਿਲਾਰਾ ਹਨ। (ਧੜੇ ਬਣਾਣ ਵਾਲੇ) ਮੂਰਖ ਲੋਕ ਮਾਇਆ ਦੀ ਖ਼ਾਤਰ ਹੀ (ਆਪੋ ਵਿਚ) ਲੜਦੇ ਰਹਿੰਦੇ ਹਨ। (ਇਸ ਕਾਰਨ ਉਹ ਮੁੜ ਮੁੜ) ਜੰਮਦੇ ਹਨ ਮਰਦੇ ਹਨ, ਉਹ (ਮਾਨੋ) ਜੂਏ ਵਿਚ ਹੀ (ਮਨੁੱਖਾ ਜੀਵਨ ਦੀ) ਬਾਜ਼ੀ ਹਾਰ ਕੇ ਚਲੇ ਜਾਂਦੇ ਹਨ (ਜਿਸ ਵਿਚੋਂ ਹਾਸਲ ਕੁਝ ਨਹੀਂ ਹੁੰਦਾ)। ਪਰ ਮੇਰੇ ਨਾਲ ਤਾਂ ਸਾਥੀ ਹੈ ਪਰਮਾਤਮਾ ਜੋ ਮੇਰਾ ਲੋਕ ਤੇ ਪਰਲੋਕ ਸਭ ਕੁਝ ਸਵਾਰਨ ਵਾਲਾ ਹੈ।3।

ਪਰਮਾਤਮਾ ਨਾਲੋਂ ਵਿਛੜ ਕੇ (ਕਲਿਜੁਗੀ ਸੁਭਾਵ ਵਿਚ ਫਸ ਕੇ) ਮਨੁੱਖਾਂ ਦੇ ਧੜੇ ਬਣਦੇ ਹਨ, ਕਾਮਾਦਿਕ ਪੰਜਾਂ ਚੋਰਾਂ ਦੇ ਕਾਰਨ ਝਗੜੇ ਪੈਦਾ ਹੁੰਦੇ ਹਨ, (ਪਰਮਾਤਮਾ ਨਾਲੋਂ ਵਿਛੋੜਾ ਮਨੁੱਖਾਂ ਦੇ ਅੰਦਰ) ਕਾਮ ਕ੍ਰੋਧ ਲੋਭ ਮੋਹ ਅਤੇ ਅਹੰਕਾਰ ਨੂੰ ਵਧਾਂਦਾ ਹੈ। ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਕਰਦਾ ਹੈ ਉਸ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ (ਤੇ ਉਹ ਇਹਨਾਂ ਪੰਜਾਂ ਚੋਰਾਂ ਦੀ ਮਾਰ ਤੋਂ ਬਚਦਾ ਹੈ)। (ਹੇ ਭਾਈ!) ਮੇਰੀ ਮਦਦ ਤੇ ਪਰਮਾਤਮਾ ਆਪ ਹੈ ਜਿਸ ਨੇ (ਮੇਰੇ ਅੰਦਰੋਂ) ਇਹ ਸਾਰੇ ਧੜੇ ਮੁਕਾ ਦਿੱਤੇ ਹੋਏ ਹਨ।4।

(ਪਰਮਾਤਮਾ ਨੂੰ ਛੱਡ ਕੇ) ਮਾਇਆ ਦਾ ਝੂਠਾ ਪਿਆਰ (ਮਨੁੱਖ ਦੇ ਅੰਦਰ) ਟਿਕ ਕੇ ਧੜੇ (-ਬਾਜ਼ੀਆਂ) ਪੈਦਾ ਕਰਦਾ ਹੈ (ਮਾਇਆ ਦੇ ਮੋਹ ਦੇ ਪ੍ਰਭਾਵ ਹੇਠ ਮਨੁੱਖ) ਹੋਰਨਾਂ ਦਾ ਐਬ ਜਾਚਦਾ ਫਿਰਦਾ ਹੈ ਤੇ (ਇਸ ਤਰ੍ਹਾਂ ਆਪਣੇ ਆਪ ਨੂੰ ਚੰਗਾ ਸਮਝ ਕੇ) ਆਪਣਾ ਅਹੰਕਾਰ ਵਧਾਂਦਾ ਹੈ। (ਹੋਰਨਾਂ ਦੇ ਐਬ ਫਰੋਲ ਕੇ ਤੇ ਆਪਣੇ ਆਪ ਨੂੰ ਨੇਕ ਮਿਥ ਮਿਥ ਕੇ ਮਨੁੱਖ ਆਪਣੇ ਆਤਮਕ ਜੀਵਨ ਵਾਸਤੇ) ਜਿਹੋ ਜਿਹਾ ਬੀ ਬੀਜਦਾ ਹੈ ਉਹੋ ਜਿਹਾ ਫਲ ਹਾਸਲ ਕਰਦਾ ਹੈ।

ਦਾਸ ਨਾਨਕ ਦਾ ਪੱਖ ਕਰਨ ਵਾਲਾ ਸਾਥੀ ਤਾਂ ਪਰਮਾਤਮਾ ਹੈ (ਪਰਮਾਤਮਾ ਦਾ ਆਸਰਾ ਹੀ ਨਾਨਕ ਦਾ) ਧਰਮ ਹੈ (ਜਿਸ ਦੀ ਬਰਕਤਿ ਨਾਲ ਮਨੁੱਖ) ਸਾਰੀ ਸ੍ਰਿਸ਼ਟੀ ਨੂੰ ਜਿੱਤ ਕੇ ਆ ਸਕਦਾ ਹੈ।5।2। 54।